ਕੇਦਾਰਾ ਮਹਲਾ ੫ ॥ ਸੰਤਹ ਧੂਰਿ ਲੇ ਮੁਖਿ ਮਲੀ ॥ ਗੁਣਾ ਅਚੁਤ ਸਦਾ ਪੂਰਨ ਨਹ ਦੋਖ ਬਿਆਪਹਿ ਕਲੀ ॥ ਰਹਾਉ ॥ ਗੁਰ ਬਚਨਿ ਕਾਰਜ ਸਰਬ ਪੂਰਨ ਈਤ ਊਤ ਨ ਹਲੀ ॥ ਪ੍ਰਭ ਏਕ ਅਨਿਕ ਸਰਬਤ ਪੂਰਨ ਬਿਖੈ ਅਗਨਿ ਨ ਜਲੀ ॥੧॥ ਗਹਿ ਭੁਜਾ ਲੀਨੋ ਦਾਸੁ ਅਪਨੋ ਜੋਤਿ ਜੋਤੀ ਰਲੀ ॥ ਪ੍ਰਭ ਚਰਨ ਸਰਨ ਅਨਾਥੁ ਆਇਓ ਨਾਨਕ ਹਰਿ ਸੰਗਿ ਚਲੀ ॥੨॥੬॥੧੪॥ {ਪੰਨਾ 1121}

ਪਦਅਰਥ:- ਧੂਰਿ—ਚਰਨ-ਧੂੜ। ਲੇ—(ਜਿਸ ਨੇ) ਲੈ ਕੇ। ਮੁਖਿ—(ਆਪਣੇ) ਮੂੰਹ ਉੱਤੇ। ਅਚੁਤ—{ÁXuq to fall} ਅਬਿਨਾਸ਼ੀ। ਗੁਣਾ ਅਚੁਤ—ਅਬਿਨਾਸ਼ੀ ਪ੍ਰਭੂ ਦੇ ਗੁਣ (ਹਿਰਦੇ ਵਿਚ ਵਸਾਣ) ਨਾਲ। ਪੂਰਨ—ਸਰਬ-ਵਿਆਪਕ। ਦੋਖ ਕਲੀ—ਕਲਿਜੁਗ ਦੇ ਵਿਕਾਰ, ਜਗਤ ਦੇ ਵਿਕਾਰ {ਨੋਟ:- ਲਫ਼ਜ਼ 'ਕਲੀ' ਇਥੇ ਕਿਸੇ ਖ਼ਾਸ 'ਜੁਗ' ਦਾ ਲਖਾਇਕ ਨਹੀਂ ਹੈ}। ਰਹਾਉ।

ਬਚਨਿ—ਬਚਨ ਦੀ ਰਾਹੀਂ। ਸਰਬ—ਸਾਰੇ। ਈਤ ਊਤ—ਇਧਰ ਉਧਰ। ਹਲੀ—ਡੋਲਦਾ। ਬਿਖੈ ਅਗਨਿ—ਵਿਸ਼ਿਆਂ ਦੀ ਅੱਗ (ਵਿਚ)। ਜਲੀ—ਸੜਦਾ।1।

ਗਹਿ—ਫੜ ਕੇ। ਭੁਜਾ—ਬਾਂਹ। ਜੋਤਿ—ਜਿੰਦ। ਜੋਤੀ—ਪ੍ਰਭ ਦੀ ਜੋਤਿ ਵਿਚ। ਅਨਾਥੁ—ਨਿਮਾਣਾ। ਸੰਗਿ—ਨਾਲ।2।

ਅਰਥ:- ਹੇ ਭਾਈ ! (ਜਿਸ ਮਨੁੱਖ ਨੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਲੈ ਕੇ (ਆਪਣੇ) ਮੱਥੇ ਉੱਤੇ ਮਲ ਲਈ (ਤੇ, ਸੰਤਾਂ ਦੀ ਸੰਗਤਿ ਵਿਚ ਜਿਸ ਨੇ ਪਰਮਾਤਮਾ ਦੇ ਗੁਣ ਗਾਏ), ਅਬਿਨਾਸ਼ੀ ਤੇ ਸਰਬ-ਵਿਆਪਕ ਪ੍ਰਭੂ ਦੇ ਗੁਣ ਹਿਰਦੇ ਵਿਚ ਵਸਾਣ ਦੀ ਬਰਕਤਿ ਨਾਲ ਜਗਤ ਦੇ ਵਿਕਾਰ ਉਸ ਉੱਤੇ ਆਪਣਾ ਜ਼ੋਰ ਨਹੀਂ ਪਾ ਸਕਦੇ। ਰਹਾਉ।

ਹੇ ਭਾਈ! (ਜਿਸ ਮਨੁੱਖ ਨੇ ਸੰਤ ਜਨਾਂ ਦੀ ਚਰਨ-ਧੂੜ ਆਪਣੇ ਮੱਥੇ ਤੇ ਲਾਈ) ਗੁਰੂ ਦੇ ਉਪਦੇਸ਼ ਦਾ ਸਦਕਾ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ, ਉਸ ਦਾ ਮਨ ਇਧਰ ਉਧਰ ਨਹੀਂ ਡੋਲਦਾ, (ਉਸ ਨੂੰ ਇਉਂ ਦਿੱਸ ਪੈਂਦਾ ਹੈ ਕਿ) ਇਕ ਪਰਮਾਤਮਾ ਅਨੇਕਾਂ ਰੂਪਾਂ ਵਿਚ ਸਭ ਥਾਈਂ ਵਿਆਪਕ ਹੈ, ਉਹ ਮਨੁੱਖ ਵਿਕਾਰਾਂ ਦੀ ਅੱਗ ਵਿਚ ਨਹੀਂ ਸੜਦਾ (ਉਸ ਦਾ ਆਤਮਕ ਜੀਵਨ ਵਿਕਾਰਾਂ ਦੀ ਅੱਗ ਵਿਚ ਤਬਾਹ ਨਹੀਂ ਹੁੰਦਾ)।1।

ਹੇ ਨਾਨਕ! (ਆਖ—ਹੇ ਭਾਈ!) ਪ੍ਰਭੂ ਆਪਣੇ ਜਿਸ ਦਾਸ ਨੂੰ (ਉਸ ਦੀ) ਬਾਂਹ ਫੜ ਕੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ। ਜਿਹੜਾ ਅਨਾਥ (ਪ੍ਰਾਣੀ ਭੀ) ਪ੍ਰਭੂ ਦੇ ਚਰਨਾਂ ਦੀ ਸਰਨ ਵਿਚ ਆ ਜਾਂਦਾ ਹੈ, ਉਹ ਪ੍ਰਾਣੀ ਪ੍ਰਭੂ ਦੀ ਯਾਦ ਵਿਚ ਹੀ ਜੀਵਨ-ਰਾਹ ਉਤੇ ਤੁਰਦਾ ਹੈ।2।6।14।